**16ਵੀਂ ਵਿਧਾਨ ਸਭਾ**

**ਦੂਜਾ (ਬਜਟ) ਸਮਾਗਮ**

**ਪੰਜਾਬ ਵਿਧਾਨ ਸਭਾ**

ਬੁਲੇਟਿਨ ਨੰ: 3

ਸ਼ਨਿੱਚਰਵਾਰ, 25 ਜੂਨ, 2022

(09.30 ਵਜੇ ਸਵੇਰ ਤੋਂ 12.07 ਵਜੇ ਬਾਅਦ ਦੁਪਹਿਰ ਤੱਕ)

1. **ਪ੍ਰਸ਼ਨ**

**(ੳ) ਮੁਲਤਵੀ ਕੀਤੇ ਗਏ ਨਿਸ਼ਾਨ ਵਾਲੇ ਪ੍ਰਸ਼ਨ:**

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 4 | 4 | - | - | - | 10 |

**(ਅ) ਨਿਸ਼ਾਨ ਵਾਲੇ ਪ੍ਰਸ਼ਨ :**

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 7 | - | - | 13 | 9 |

**(ੲ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ : 20**

2. **ਰਾਜ ਦੇ ਵਿੱਤ ਤੇ ਵਾਈਟ ਪੇਪਰ ਸਦਨ ਦੀ ਮੇਜ਼ ਤੇ ਰੱਖਣਾ**

ਵਿੱਤ ਮੰਤਰੀ ਦੁਆਰਾ ਰਾਜ ਦੇ ਵਿੱਤ ਤੇ ਵਾਈਟ ਪੇਪਰ ਸਦਨ ਦੀ ਮੇਜ਼ ਤੇ ਰੱਖਿਆ ਗਿਆ।

3. **ਰਾਜਪਾਲ ਦੇ ਭਾਸ਼ਣ ਤੇ ਬਹਿਸ ਮੁੜ ਆਰੰਭ ਕਰਨਾ ਅਤੇ ਧੰਨਵਾਦ ਪ੍ਰਸਤਾਵ ਤੇ ਵੋਟ**

ਮਿਤੀ 24 ਮਾਰਚ, 2022 ਨੂੰ ਮਾਨਯੋਗ ਮੈਂਬਰ ਸ਼੍ਰੀ ਅਮਨ ਅਰੋੜਾ, ਐਮ.ਐਲ.ਏ, ਆਮ ਆਦਮੀ ਪਾਰਟੀ, ਦੁਆਰਾ ਪੇਸ਼ ਕੀਤੇ ਗਏ ਅਤੇ ਸ਼੍ਰੀ ਜੈ ਕ੍ਰਿਸ਼ਨ ਸਿੰਘ, ਐਮ.ਐਲ.ਏ, ਆਮ ਆਦਮੀ ਪਾਰਟੀ ਵੱਲੋਂ ਪ੍ਰੋੜ੍ਹਤਾ ਕੀਤੇ ਗਏ ਨਿਮਨਲਿਖਤ ਪ੍ਰਸਤਾਵ ਤੇ ਬਹਿਸ ਮੁੜ ਆਰੰਭ ਹੋਈ ਅਤੇ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ:-

"ਕਿ ਰਾਜਪਾਲ ਜੀ ਨੂੰ ਹੇਠ ਲਿਖੇ ਸ਼ਬਦਾਂ ਵਿੱਚ ਮਾਣ-ਪੱਤਰ ਪੇਸ਼ ਕੀਤਾ ਜਾਵੇ:-

ਕਿ ਸਮਾਗਮ ਵਿੱਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਨ੍ਹਾਂ ਨੇ 21 ਮਾਰਚ, 2022 ਨੂੰ ਸਦਨ ਵਿੱਚ ਦੇਣ ਦੀ ਕ੍ਰਿਪਾਲਤਾ ਕੀਤੀ।"

ਬਹਿਸ ਦਾ ਜਵਾਬ ਦਿੰਦੇ ਸਮੇਂ ਮਾਨਯੋਗ ਮੁੱਖ ਮੰਤਰੀ 01 ਘੰਟਾ 02 ਮਿੰਟ ਲਈ ਬੋਲੇ।

4. **ਮਾਨਯੋਗ ਸਪੀਕਰ ਦੁਆਰਾ ਰੂਲਿੰਗ**

ਮਿਤੀ 24 ਜੂਨ, 2022 ਨੂੰ (ਬਾਅਦ ਦੁਪਹਿਰ ਦੀ ਬੈਠਕ ਵਿੱਚ) ਇਕ ਮਾਨਯੋਗ ਮੈਂਬਰ ਵੱਲੋਂ ਸ਼ੈਸ਼ਨ ਦੌਰਾਨ ਸਪੀਕਰ ਦੀ ਸਹਾਇਤਾ ਕਰਦੇ ਸਟਾਫ਼ ਲਈ ਗਲਤ ਸ਼ਬਦ ਵਰਤੇ ਗਏ ਸਨ, ਜਿਸ ਤੇ ਮਾਨਯੋਗ ਸਪੀਕਰ ਵੱਲੋਂ ਰੂਲਿੰਗ ਦਿੱਤੀ ਗਈ ਕਿ ਅੱਗੇ ਤੋਂ ਇਸ ਗੱਲ ਦਾ ਧਿਆਨ ਰੱਖਿਆ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਹਾਊਸ ਦਾ ਆਪਣਾ ਡੈਕੋਰਮ ਹੈ ਅਤੇ ਰੂਲਜ਼ ਦੇ ਮੁਤਾਬਿਕ ਚੇਅਰ ਦੀ ਵਰਕਿੰਗ ਸਬੰਧੀ ਹਾਊਸ ਵਿਚ ਕਿਸੇ ਕਿਸਮ ਦਾ ਕੋਈ ਵੀ ਕੁਮੈਂਟ ਵਾਜਿਬ ਨਹੀਂ ਹੈ। ਉਨ੍ਹਾਂ ਨੇ ਗਲਤ ਬੋਲੇ ਗਏ ਸ਼ਬਦ ਵੀ ਐਕਸਪੰਜ ਕਰ ਦਿੱਤੇ।

5. **ਸਦਨ ਦਾ ਫੈਸਲਾ**

ਮਾਨਯੋਗ ਸਪੀਕਰ ਵੱਲੋਂ ਸਦਨ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਚੇਅਰ ਵੱਲੋਂ ਵਿਰੋਧੀ ਧਿਰ ਦੇ ਨੇਤਾ ਅਤੇ ਮੰਤਰੀ ਮੰਡਲ ਦੇ ਕੁਝ ਸਾਥੀਆਂ ਨਾਲ ਲੋਕ ਸਭਾ ਵਿੱਚ ਚਲਦੀ ਪ੍ਰਥਾ ਬਾਰੇ ਵਿਚਾਰ ਕੀਤਾ ਗਿਆ ਕਿ ਲੋਕ ਸਭਾ ਵਿਚ ਜ਼ੀਰੋ ਆਵਰ ਦੇ ਕੁਐਸ਼ਚਨ ਲਿਖ ਕੇ ਆ ਜਾਂਦੇ ਹਨ ਤੇ ਬਾਅਦ ਵਿਚ ਉਨ੍ਹਾਂ ਦੀ ਬੈਲਟਿੰਗ ਕਰ ਲਈ ਜਾਂਦੀ ਹੈ।

ਸਦਨ ਨੇ ਸਹਿਮਤੀ ਨਾਲ ਇਸ ਨੂੰ ਅਗਲੇ ਸ਼ੈਸ਼ਨ ਤੋਂ ਲਾਗੂ ਕਰਨ ਦਾ ਫੈਸਲਾ ਕੀਤਾ।

6. **ਵਾਕ ਆਊਟ**

ਇੰਡੀਅਨ ਨੈਸ਼ਨਲ ਕਾਂਗਰਸ ਦੇ ਸਦਨ ਵਿਚ ਹਾਜ਼ਰ ਮੈਂਬਰ ਗਵਰਨਰ ਦੇ ਭਾਸ਼ਣ ਤੇ ਬਹਿਸ ਦੌਰਾਨ ਬੋਲਣ ਲਈ ਹੋਰ ਸਮਾਂ ਨਾ ਦਿੱਤੇ ਜਾਣ ਕਰਕੇ ਸਦਨ ਵਿੱਚੋਂ ਵਾਕ-ਆਊਟ ਕਰ ਗਏ।

ਇਸ ਉਪਰੰਤ ਸਦਨ ਸੋਮਵਾਰ, ਮਿਤੀ 27 ਜੂਨ, 2022 ਦੇ 10.00 ਵਜੇ ਪੂਰਵ ਦੁਪਹਿਰ ਤੱਕ ਸਥੱਗਿਤ ਹੋ ਗਿਆ।

**ਸੁਰਿੰਦਰ ਪਾਲ**
**ਸਕੱਤਰ।**

**ਚੰਡੀਗੜ੍ਹ।**
**25 ਜੂਨ, 2022**

27/6/22
Principal Chief Reporter
Punjab Vidhan Sabha
Chandigrah